# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :02-01-2026**

ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ ਵਿਕਾਸਿਤ ਭਾਰਤ ਜੀ ਰਾਮ ਜੀ ਐਕਟ, 2025 ਦੇ ਤਹਿਤ, ਪਿੰਡ ਨੂੰ ਲੋੜੀਂਦਾ ਕੋਈ ਵੀ ਕੰਮ ਕੀਤਾ ਜਾ ਸਕਦਾ ਏ , ਪਰ ਇਹ ਫੈਸਲਾ ਗ੍ਰਾਮ ਸਭਾ ਕਰੇਗੀ। ਸ਼੍ਰੀ ਚੌਹਾਨ ਨੇ ਕੱਲ ਮਹਾਰਾਸ਼ਟਰ ਦੇ ਅਹਿਮਦਨਗਰ ਜ਼ਿਲ੍ਹੇ ਦੇ ਲੋਨੀ ਬੁਦਰੁਕ ਵਿੱਚ ਹੋਈ ਇੱਕ ਗ੍ਰਾਮ ਸਭਾ ਵਿੱਚ ਪਿੰਡ ਵਾਸੀਆਂ, ਮਜ਼ਦੂਰਾਂ ਅਤੇ ਕੰਮ ਕਰਨ ਵਾਲੇ ਭੈਣਾਂ ਤੇ ਭਰਾਵਾਂ ਨਾਲ ਗੱਲਬਾਤ ਕੀਤੀ। ਉਨ੍ਹਾਂ ਕਿਹਾ ਕਿ ਇੱਕ ਹਫ਼ਤੇ ਦੇ ਅੰਦਰ ਮਜ਼ਦੂਰੀ ਦੀ ਅਦਾਇਗੀ ਹੁਣ ਲਾਜ਼ਮੀ ਕਰ ਦਿੱਤੀ ਗਈ ਏ । ਜੇਕਰ 15 ਦਿਨਾਂ ਦੇ ਅੰਦਰ ਅਦਾਇਗੀ ਨਹੀਂ ਕੀਤੀ ਜਾਂਦੀ , ਤਾਂ ਮਜ਼ਦੂਰ ਨੂੰ ਵਿਆਜ ਵਜੋਂ 0.05 ਫੀਸਦੀ ਵਾਧੂ ਮਜ਼ਦੂਰੀ ਮਿਲੇਗੀ। ਸ਼੍ਰੀ ਚੌਹਾਨ ਨੇ ਕਿਹਾ ਕਿ ਇਸ ਯੋਜਨਾ ਦੇ ਤਹਿਤ, ਔਰਤਾਂ ਲਈ ਕੰਮ ਦਾ ਇੱਕ ਤਿਹਾਈ, ਜਾਂ 33 ਫੀਸਦੀ, ਲਾਜ਼ਮੀ ਏ । ਰਾਜ ਸਰਕਾਰਾਂ ਨੂੰ ਵਾਢੀ ਸੀਜ਼ਨ ਦੌਰਾਨ ਵੱਧ ਤੋਂ ਵੱਧ 60 ਦਿਨਾਂ ਲਈ ਖੇਤੀਬਾੜੀ ਦੇ ਕੰਮ ਵਿੱਚ

ਮਜ਼ਦੂਰਾਂ ਨੂੰ ਸ਼ਾਮਲ ਕਰਨ ਲਈ ਨੋਟੀਫਿਕੇਸ਼ਨ ਜਾਰੀ ਕਰਨ ਲਈ ਅਧਿਕਾਰਤ ਕੀਤਾ ਗਿਆ ਏ । ਕਿਸਾਨ ਭਲਾਈ ਮੰਤਰੀ ਨੇ ਕਿਹਾ ਕਿ ਰੁਜ਼ਗਾਰ ਸਹਾਇਕਾਂ ਦੀਆਂ ਦੇਰੀ ਨਾਲ ਜਾਂ ਰੋਕੀਆਂ ਗਈਆਂ ਤਨਖਾਹਾਂ ਨਾਲ ਸਮੱਸਿਆਵਾਂ ਤੋਂ ਬਚਣ ਲਈ ਪ੍ਰਸ਼ਾਸਕੀ ਖਰਚੇ 6 ਫੀਸਦੀ ਤੋਂ ਵਧਾ ਕੇ 9 ਫੀਸਦੀ ਕਰ ਦਿੱਤੇ ਗਏ ਨੇ ।

--------------------------------------------------------------------------------

ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਸੜਕ ਹਾਦਸਿਆਂ ਵਿੱਚ ਕਮੀ ਲਿਆਉਣ ਅਤੇ ਆਮ ਲੋਕਾਂ ਵਿੱਚ ਸੜਕ ਸੁਰੱਖਿਆ ਪ੍ਰਤੀ ਜਾਗਰੂਕਤਾ ਵਧਾਉਣ ਦੇ ਉਦੇਸ਼ ਨਾਲ, ਰਾਸ਼ਟਰੀ ਸੜਕ ਸੁਰੱਖਿਆ ਮਹੀਨਾ-2026 ਦੀ ਸ਼ੁਰੂਆਤ ਕੀਤੀ ਗਈ ਏ । ਕਲ ਚੰਡੀਗੜ੍ਹ ਵਿਚ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਕਿਹਾ ਕਿ ਸੜਕ ਹਾਦਸੇ ਸਿਰਫ਼ ਅੰਕੜਿਆਂ ਤੱਕ ਸੀਮਿਤ ਨਹੀਂ ਹੁੰਦੇ, ਸਗੋਂ ਇਹ ਅਨੇਕਾਂ ਪਰਿਵਾਰਾਂ ਦੀ ਜ਼ਿੰਦਗੀ ਨੂੰ ਪ੍ਰਭਾਵਿਤ ਕਰਦੇ ਹਨ ਅਤੇ ਕੀਮਤੀ ਮਨੁੱਖੀ ਜਾਨਾਂ ਦੇ ਨੁਕਸਾਨ ਨਾਲ ਜੁੜੇ ਹੁੰਦੇ ਨੇ । ਉਨ੍ਹਾਂ ਨੇ ਕਿਹਾ ਕਿ ਸੜਕ ਸੁਰੱਖਿਆ ਸਿਰਫ਼ ਸਰਕਾਰ ਦੀ ਨਹੀਂ, ਸਗੋਂ ਸਮਾਜ ਦੇ ਹਰ ਨਾਗਰਿਕ ਦੀ ਵੀ ਸਾਂਝੀ ਜ਼ਿੰਮੇਵਾਰੀ ਏ । ਉਨ੍ਹਾਂ ਕਿਹਾ ਕਿ ਜਦੋਂ ਤੱਕ ਸਰਕਾਰ, ਪ੍ਰਸ਼ਾਸਨ ਅਤੇ ਆਮ ਜਨਤਾ ਮਿਲ ਕੇ ਕੰਮ ਨਹੀਂ ਕਰਦੇ, ਤਦ ਤੱਕ ਸੜਕ ਹਾਦਸਿਆਂ ਵਿੱਚ ਕਮੀ ਸੰਭਵ ਨਹੀਂ ਏ । ਮੰਤਰੀ ਨੇ ਦੱਸਿਆ ਕਿ ਸੜਕ

ਸੁਰੱਖਿਆ ਮਹੀਨੇ  ਦੌਰਾਨ ਪੰਜਾਬ ਭਰ ਵਿੱਚ  ਬਹੁ-ਪੱਖੀ ਜਾਗਰੂਕਤਾ ਮੁਹਿੰਮਾਂ ਚਲਾਈਆਂ ਜਾਣਗੀਆਂ। ਇਸ ਅਧੀਨ ਸਕੂਲਾਂ ਅਤੇ ਕਾਲਜਾਂ ਵਿੱਚ ਵਿਦਿਆਰਥੀਆਂ ਲਈ ਸੜਕ ਸੁਰੱਖਿਆ ਸੰਬੰਧੀ ਸੈਮੀਨਾਰ, ਪੋਸਟਰ ਅਤੇ ਸਲੋਗਨ ਮੁਕਾਬਲੇ, ਕਿਊਜ਼ ਪ੍ਰੋਗਰਾਮ ਅਤੇ ਇੰਟਰਐਕਟਿਵ ਸੈਸ਼ਨ ਕਰਵਾਏ ਜਾਣਗੇ, ਤਾਂ ਜੋ ਨੌਜਵਾਨ ਵਰਗ ਨੂੰ ਛੋਟੀ ਉਮਰ ਤੋਂ ਹੀ ਟ੍ਰੈਫਿਕ ਨਿਯਮਾਂ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ ਜਾ ਸਕੇ। ਕੈਬਨਿਟ ਮੰਤਰੀ ਨੇ ਦੱਸਿਆ ਕਿ ਸੜਕ ਸੁਰੱਖਿਆ ਪ੍ਰਤੀ ਜਾਗਰੂਕਤਾ ਲਿਆਉਣ ਲਈ ਵਪਾਰਕ ਅਤੇ ਨਿੱਜੀ ਡਰਾਈਵਰਾਂ ਲਈ ਵਿਸ਼ੇਸ਼ ਟ੍ਰੇਨਿੰਗ ਸੈਸ਼ਨ, ਭਾਰੇ ਵਾਹਨਾਂ ਦੇ ਚਾਲਕਾਂ ਲਈ ਰਿਫ੍ਰੈਸ਼ਰ ਕੋਰਸ, ਅਤੇ ਟ੍ਰੈਫਿਕ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਉਣ ਲਈ ਵਿਸ਼ੇਸ਼ ਮੁਹਿੰਮਾਂ ਚਲਾਈਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਹੈਲਮਟ ਅਤੇ ਸੀਟ ਬੈਲਟ ਦੀ ਲਾਜ਼ਮੀ ਵਰਤੋਂ, ਮੋਬਾਈਲ ਫੋਨ ਦੀ ਵਰਤੋਂ ਕਰਕੇ ਡਰਾਈਵਿੰਗ ਨਾ ਕਰਨ, ਤੇਜ਼ ਰਫ਼ਤਾਰ ਅਤੇ ਗਲਤ ਪਾਸੇ ਵਾਹਨ ਚਲਾਉਣ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਟਰਾਂਸਪੋਰਟ ਮੰਤਰੀ ਨੇ ਦੱਸਿਆ ਕਿ ਨਸ਼ੇ ਦੀ ਹਾਲਤ ਵਿੱਚ ਡਰਾਈਵਿੰਗ ਸੜਕ ਹਾਦਸਿਆਂ ਦਾ ਇੱਕ ਵੱਡਾ ਕਾਰਨਏ । ਇਸ ਨੂੰ ਧਿਆਨ ਵਿੱਚ ਰੱਖਦੇ ਹੋਏ ਸੂਬੇ ਭਰ ਵਿੱਚ ਵਿਸ਼ੇਸ਼ ਨਾਕਾਬੰਦੀ ਅਤੇ ਚੈਕਿੰਗ ਮੁਹਿੰਮਾਂ ਚਲਾਈਆਂ ਜਾਣਗੀਆਂ।

ਮੰਤਰੀ ਨੇ ਸਾਰੇ ਸਬੰਧਤ ਵਿਭਾਗਾਂ, ਜ਼ਿਲ੍ਹਾ ਪ੍ਰਸ਼ਾਸਨਾਂ, ਸਿੱਖਿਆ ਸੰਸਥਾਵਾਂ, ਗੈਰ-ਸਰਕਾਰੀ ਸੰਗਠਨਾਂ, ਉਦਯੋਗਿਕ ਇਕਾਈਆਂ ਅਤੇ ਆਮ ਜਨਤਾ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਰਾਸ਼ਟਰੀ ਸੜਕ ਸੁਰੱਖਿਆ ਮਹੀਨਾ ਦੀ ਸਫ਼ਲਤਾ ਲਈ ਸਰਗਰਮ ਭੂਮਿਕਾ ਨਿਭਾਉਣ।

--------------------------------------------------------------------

ਰਾਸ਼ਟਰੀ ਸ਼ਾਹਰਾਹ ਬਾਰੇ ਭਾਰਤੀ ਅਥਾਰਟੀ ਨੇ ਕਿਹਾ ਕਿ ਪਹਿਲੀ ਫਰਵਰੀ ਤੋਂ ਸਾਰੇ ਨਵੇਂ FASTag ਜਾਰੀ ਕਰਨ ਲਈ, ਕਾਰਾਂ ਦੇ Know Your Vehicle (KYV) ਕਾਰਡ ਬੰਦ ਕਰ ਦਿਤੇ ਜਾਣਗੇ । ਸੜਕ ਆਵਾਜਾਈ ਅਤੇ ਰਾਜਮਾਰਗ ਮੰਤਰਾਲੇ ਨੇ ਕਿਹਾ ਕਿ ਇਹ ਕਦਮ ਸ਼ਾਹਰਾਹ ਤੋਂ ਸਫ਼ਰ ਕਰਨ ਵਾਲੇ ਯਾਤਰੀਆਂ ਦੀ ਸਹੂਲਤ ਅਤੇ FASTag ਐਕਟੀਵੇਸ਼ਨ ਨਾਲ ਜੁੜੀਆਂ ਮੁਸ਼ਕਲਾਂ ਨੂੰ ਦੂਰ ਕਰਨ ਲਈ ਚੁੱਕਿਆ ਗਿਆ ਏ ।

--------------------------------------------------------------------

ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਪੰਜਾਬ ਅਕਾਦਮਿਕ ਕੋਚਿੰਗ ਫਾਰ ਐਕਸੀਲੈਂਸ ਪ੍ਰੋਗਰਾਮ ਅਧੀਨ ਲਗਾਏ ਗਏ ਵਿੰਟਰ ਰੈਜ਼ੀਡੈਂਸ਼ੀਅਲ ਕੋਚਿੰਗ ਕੈਂਪਾਂ ਵਿੱਚ ਸੂਬੇ ਦੇ ਸਰਕਾਰੀ ਸਕੂਲਾਂ ਦੇ ਹੋਣਹਾਰ ਵਿਦਿਆਰਥੀਆਂ ਨੇ ਉੱਚ ਗੁਣਵੱਤਾ ਵਾਲੀ ਸਿਖਲਾਈ ਹਾਸਲ ਕੀਤੀ ਏ । 1700 ਤੋਂ ਵੱਧ ਵਿਦਿਆਰਥੀਆਂ ਨੇ ਇਸ ਪ੍ਰੋਗਰਾਮ ਦਾ ਲਾਭ

ਉਠਾਇਆ, ਜਿਸ ਨੂੰ ਅਜਿਹੇ ਢੰਗ ਨਾਲ ਤਿਆਰ ਕੀਤਾ ਗਿਆ ਏ ਕਿ ਹਰ ਵਿਦਿਆਰਥੀ ਦੀ ਪਹੁੰਚ ਪ੍ਰਤੀਯੋਗੀ ਪ੍ਰੀਖਿਆਵਾਂ ਦੀ ਉੱਚ-ਮਿਆਰੀ ਕੋਚਿੰਗ ਤੱਕ ਯਕੀਨੀ ਬਣਾਈ ਜਾ ਸਕੇ। ਉਨ੍ਹਾਂ ਦੱਸਿਆ ਕਿ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਆਈ.ਆਈ.ਟੀ, ਐਨ.ਆਈ.ਟੀ ਅਤੇ ਏਮਜ਼ ਜਿਹੀਆਂ ਭਾਰਤ ਦੀਆਂ ਚੋਟੀ ਦੀਆਂ ਪੇਸ਼ੇਵਰ ਸਿੱਖਿਆ ਸੰਸਥਾਵਾਂ ਲਈ ਤਿਆਰ ਕਰਨ ਦੇ ਉਦੇਸ਼ ਉਨ੍ਹਾਂ ਕਿਹਾ ਕਿ ਇਹ ਪਹਿਲ ਨੌਜਵਾਨਾਂ ਨੂੰ ਸਮਰੱਥ ਬਣਾਉਂਦਿਆਂ ਉਨ੍ਹਾਂ ਵਿੱਚ ਆਤਮ-ਵਿਸ਼ਵਾਸ ਪੈਦਾ ਕਰਦੀ ਏ ਅਤੇ ਕਿਸੇ ਵੀ ਪਿਛੋਕੜ ਨੂੰ ਵਿਚਾਰੇ ਬਿਨਾਂ ਯੋਗ ਵਿਦਿਆਰਥੀਆਂ ਨੂੰ ਚੋਟੀ ਦੇ ਅਦਾਰਿਆਂ ਵਿੱਚ ਪੜ੍ਹਨ ਦਾ ਇੱਕ ਨਿਰਪੱਖ ਮੌਕਾ ਪ੍ਰਦਾਨ ਕਰਦੀ ਏ।

---------------------------------------------------------------------------

ਪੰਜਾਬ ਸਰਕਾਰ ਨੇ 'ਬਕਾਇਆ ਕਰਾਂ ਦੀ ਰਿਕਵਰੀ ਸਬੰਧੀ ਪੰਜਾਬ ਯਕਮੁਸ਼ਤ ਨਿਪਟਾਰਾ ਯੋਜਨਾ, 2025' ਦੀ ਸਮਾਂ ਹੱਦ 31 ਮਾਰਚ, 2026 ਤੱਕ ਵਧਾਉਣ ਦਾ ਫੈਸਲਾ ਕੀਤਾ ਏ । ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਪੰਜਾਬ ਸਮੇਤ ਵੱਖ-ਵੱਖ ਭਾਈਵਾਲਾਂ ਦੇ ਨੁਮਾਇੰਦਿਆਂ ਵਲੋਂ ਕੀਤੀ ਗਈ ਬੇਨਤੀ ਤੋਂ ਬਾਅਦ ਇਸ ਵਾਧੇ ਲਈ ਰਸਮੀ ਪ੍ਰਵਾਨਗੀ ਦੇ ਦਿੱਤੀ। ਇਹ ਫੈਸਲਾ ਹੁਣ ਤੱਕ ਇਸ ਯੋਜਨਾ ਨੂੰ ਮਿਲੇ ਹੁੰਗਾਰੇ ਦੇ ਮੱਦੇਨਜ਼ਰ ਵੀ ਲਿਆ ਗਿਆ ਜਿਸ ਤਹਿਤ

ਕਰ ਵਿਭਾਗ ਨੂੰ ਅੱਜ ਤੱਕ 6 ਹਜ਼ਾਰ 348 ਅਰਜ਼ੀਆਂ ਪ੍ਰਾਪਤ ਹੋਈਆ ਨੇ ।

----------------------------------------------------------------------

ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਅੱਜ ਸੰਘਣੀ ਧੁੰਦ ਤੇ ਘੱਟ ਦਿਖਤਾ ਕਾਰਨ, ਬਹੁਤ ਸਾਰੀਆਂ ਰੇਲ ਸੇਵਾਵਾਂ ਪ੍ਰਭਾਵਿਤ ਹੋਈਆਂ ਨੇ । ਰੇਲਵੇ ਵਿਭਾਗ ਮੁਤਾਬਿਕ , ਲਗਭਗ 31 ਰੇਲਗੱਡੀਆਂ ਦੋ ਘੰਟੇ ਤੋਂ ਵੱਧ ਦੇਰੀ ਨਾਲ ਚੱਲ ਰਹੀਆਂ ਨੇ । ਯਾਤਰੀਆਂ ਨੂੰ ਸਟੇਸ਼ਨ 'ਤੇ ਪਹੁੰਚਣ ਤੋਂ ਪਹਿਲਾਂ ਰੇਲਗੱਡੀ ਸਥਿਤੀ ਦੀ ਜਾਣਕਾਰੀ ਦੀ ਜਾਂਚ ਕਰਨ ਦੀ ਸਲਾਹ ਦਿੱਤੀ ਜਾਂਦੀ ਏ ।

----------------------------------------------------------------------

ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ, ਚੰਡੀਗੜ੍ਹ, ਹਿਮਾਚਲ ਪ੍ਰਦੇਸ਼ ਅਤੇ ਦਿੱਲੀ ਵਿੱਚ ਸੰਘਣੀ ਧੁੰਦ ਦੀ ਪੇਸ਼ੀਨਗੋਈ ਕੀਤੀ ਏ । ਦਿੱਲੀ-ਰਾਸ਼ਟਰੀ ਰਾਜਧਾਨੀ ਖੇਤਰ ਵਿੱਚ ਹਵਾ ਦੀ ਗੁਣਵੱਤਾ ਬਹੁਤ ਮਾੜੀ ਸ਼੍ਰੇਣੀ ਵਿੱਚ ਦਰਜ ਕੀਤੀ ਗਈ ਏ । ਕੇਂਦਰੀ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਅਨੁਸਾਰ, ਅੱਜ ਸਵੇਰੇ 7 ਵਜੇ ਤੱਕ ਰਾਸ਼ਟਰੀ ਰਾਜਧਾਨੀ ਦਾ ਔਸਤ ਹਵਾ ਗੁਣਵੱਤਾ ਸੂਚਕਾਂਕ 321 ਦਰਜ ਕੀਤਾ ਗਿਆ ਸੀ। NSD